ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ
ਵਿਸਾਖੀ ਦਾ ਪਵਿੱਤਰ ਦਿਹਾੜਾ ਘਰਾਂ ਵਿਚ ਹੀ ਮਨਾਇਆ ਜਾਵੇ: ਡਿਪਟੀ ਕਮਿਸ਼ਨਰ

ਬਰਨਾਲਾ, **11** ਅਪਰੈਲ
ਕਰੋਨਾ ਵਾਇਰਸ ਤੋਂ ਬਚਾਅ ਦੇ ਮੱਦੇਨਜ਼ਰ ਵਿਸਾਖੀ ਦਾ ਪਵਿੱਤਰ ਦਿਹਾੜਾ ਜ਼ਿਲਾ ਵਾਸੀ ਆਪਣੇ ਘਰਾਂ ਵਿਚ ਹੀ ਮਨਾਉਣ। ਇਹ ਪ੍ਰਗਟਾਵਾ ਕਰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਆਖਿਆ ਕਿ ਆਪਣੇ ਘਰਾਂ ਵਿਚ ਰਹਿ ਕੇ ਅਤੇ ਸੁਰੱਖਿਅਤ ਰਹਿ ਕੇ ਕਰੋਨਾ ਵਾਇਰਸ ਖਿਲਾਫ ਜੰਗ ਜਿੱਤੀ ਜਾ ਸਕਦੀ ਹੈ। ਉਨਾਂ ਕਿਹਾ ਕੋਵਿਡ**-19** ਦੀ ਰੋਕਥਾਮ ਲਈ ਪੰਜਾਬ ਸਰਕਾਰ ਵੱਲੋਂ ਇਕੱਠ ਕਰਨ ਉਤੇ ਰੋਕ ਲਗਾਈ ਹੋਈ ਹੈ। ਇਸ ਲਈ ਸਾਰੇ ਜ਼ਿਲਾ ਵਾਸੀ ਵਿਸਾਖੀ ਜਿਹਾ ਪਵਿੱਤਰ ਦਿਹਾੜਾ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦਾ ਪ੍ਰਕਾਸ਼ ਪੁਰਬ ਆਪਣੇ-ਆਪਣੇ ਘਰਾਂ ਵਿਚ ਰਹਿ ਕੇ ਹੀ ਮਨਾਉਣ।

**o/o District Public Relations Officer, Barnala**

## DM issues directions to close all religious places, without any exception

- **No religious congregations permitted**

Barnala, April 11
With a view to contain the spread of corona virus disease, the DM Mr. Tej Partap Singh Phoolka issued orders regarding closure of all the religious places in the district.

The orders further state that as per Additional Chief Secretary Home, Govt of Punjab, Home Affairs and Justice, Punjab, Chandigarh vide letter no. SS/ACSH/2020/291 dated 9-4-2020 no religious congregation would be permitted without any exception. Both the orders would come into effect immediately. Strict action in accordance with the law would be taken against those violating the orders. DM said that these orders have been issued in order to ensure that people maintain social distance from each other and stay at home.

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਬਰਨਾਲਾ
ਲੈਫਟੀਨੈਂਟ ਜਨਰਲ ਟੀ ਐੱਸ ਸ਼ੇਰਗਿਲ ਵੱਲੋਂ ਬਰਨਾਲਾ ਵਿਚ ਕੋਵਿਡ-**19** ਵਿਰੁੱਧ ਪ੍ਰਬੰਧਾਂ ਦਾ ਜਾਇਜ਼ਾ
*ਰਾਹਤ ਉਪਰਾਲਿਆਂ ਤੋਂ ਇਲਾਵਾ ਕਣਕ ਦੇ ਸੁਚੱਜੇ ਮੰਡੀਕਰਨ ਵਿਚ ਜ਼ਿਲਾ ਪ੍ਰਸ਼ਾਸਨ ਨੂੰ ਭਰਵਾਂ ਸਹਿਯੋਗ ਦੇਣਗੇ ਜੀਓਜੀ

ਬਰਨਾਲਾ, **11** ਅਪਰੈਲ
ਸੀਨੀਅਰ ਵਾਈਸ ਚੇਅਰਮੈਨ (ਜੀਓਜੀ) ਅਤੇ ਮੁੱਖ ਸਲਾਹਕਾਰ ਮੁੱਖ ਮੰਤਰੀ ਪੰਜਾਬ ਲੈਫਟੀਨੈਂਟ ਜਨਰਲ ਟੀ ਐਸ ਸ਼ੇਰਗਿੱਲ ਨੇ ਕਰੋਨਾ ਵਾਇਰਸ ਅਤੇ ਕਰਫਿਊ ਦੇ ਮੱਦੇਨਜ਼ਰ ਅੱਜ ਬਰਨਾਲਾ ਵਿਖੇ ਪ੍ਰਬੰਧਾਂ ਅਤੇ ਜ਼ਿਲਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਯਤਨਾਂ ਦਾ ਜਾਇਜ਼ਾ ਲਿਆ।
ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਅਤੇ ਐਸਐਸਪੀ ਸ੍ਰੀ ਸੰਦੀਪ ਗੋਇਲ ਨਾਲ ਮੀਟਿੰਗ ਕਰਦਿਆਂ ਉਨਾਂ ਜਿੱਥੇ ਜ਼ਿਲਾ ਪ੍ਰਸ਼ਾਸਨ ਵੱਲੋਂ ਕੀਤੇ ਪ੍ਰਬੰਧਾਂ ਅਤੇ ਉਪਰਾਲਿਆਂ ’ਤੇ ਤਸੱਲੀ ਜਤਾਈ, ਉਥੇ ਹੀ ਆਖਿਆ ਕਿ ਖੁਸ਼ਹਾਲੀ ਦੇ ਰਾਖੇ (ਜੀਓਜੀ) ਕੋਵਿਡ **19** ਵਿਰੁੱਧ ਮੁਹਿੰਮ ਵਿਚ ਮਦਦ ਤੋਂ ਇਲਾਵਾ ਕਣਕ ਦੇ ਸੁਚੱਜੇ ਮੰਡੀਕਰਨ ਵਿਚ ਵੀ ਭਰਵਾਂ ਸਹਿਯੋਗ ਦੇਣਗੇ।
ਲੈਫਟੀਨੈਂਟ ਜਨਰਲ ਟੀ ਐਸ ਸ਼ੇਰਗਿੱਲ ਨੇ ਆਖਿਆ ਕਿ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਸਰਕਾਰ ਕਰੋਨਾ ਵਾਇਰਸ ਵਿਰੁੱਧ ਜੰਗ ’ਚ ਬਹੁਤ ਤੇਜ਼ੀ ਨਾਲ ਢੁਕਵੇਂ ਕਦਮ ਚੁੱਕ ਰਹੀ ਹੈ ਤਾਂ ਜੋ ਸਥਿਤੀ ਛੇਤੀ ਤੋਂ ਛੇਤੀ ਆਮ ਵਾਂਗ ਹੋ ਸਕੇ। ਉਨਾਂ ਬਰਨਾਲਾ ਜ਼ਿਲੇ ਦੇ ਲੋਕਾਂ ਨੂੰ ਕਰੋਨਾ ਵਾਇਰਸ ਖਿਲਾਫ ਮੁਹਿੰਮ ਵਿਚ ਜ਼ਿਲਾ ਪ੍ਰਸ਼ਾਸਨ ਨੂੰ ਭਰਵਾਂ ਸਹਿਯੋਗ ਦੇਣ ਦਾ ਸੱਦਾ ਦਿੰਦੇ ਹੋਏ ਆਖਿਆ ਕਿ ਲੋਕ ਘਰਾਂ ਵਿਚ ਰਹਿਣ ਤੇ ਸੁਰੱਖਿਆ ਰਹਿਣ, ਇਸੇ ਫਾਰਮੂਲੇ ਨਾਲ ਹੀ ਅਸੀਂ ਕਰੋਨਾ ਵਾਇਰਸ ਖਿਲਾਫ ਜੰਗ ਜਿੱਤ ਸਕਦੇ ਹਾਂ। ਇਸ ਮੌਕੇ ਡਿਪਟੀ ਕਮਿਸ਼ਨਰ ਬਰਨਾਲਾ ਨੇ ਜ਼ਿਲਾ ਪ੍ਰਸ਼ਾਸਨ ਵੱਲੋਂ ਆਮ ਲੋਕਾਂ ਲਈ ਜ਼ਰੂਰੀ ਵਸਤਾਂ ਦੀ ਸਪਲਾਈ ਲਈ ਕੀਤੇ ਇੰਤਜ਼ਾਮਾਂ ਬਾਰੇ ਦੱਸਿਆ। ਉਨਾਂ ਕਿਹਾ ਕਿ ਸਰਕਾਰੀ ਅਧਿਕਾਰੀ ਤੇ ਕਰਮਚਾਰੀ, ਐਨਜੀਓਜ਼ ਤੇ ਜੀਓਜੀ ਬਹੁਤ ਸ਼ਿੱਦਤ ਨਾਲ ਸੇਵਾਵਾਂ ਨਿਭਾਅ ਰਹੇ ਹਨ ਤਾਂ ਜੋ ਆਮ ਲੋਕਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਐਸਐਸਪੀ ਸ੍ਰੀ ਗੋਇਲ ਨੇ ਬਰਨਾਲਾ ਪੁਲੀਸ ਵੱਲੋਂ ਸੁਰੱਖਿਆ ਪ੍ਰਬੰਧਾਂ ਤੋਂ ਇਲਾਵਾ ਕੀਤੇ ਜਾ ਰਹੇ ਹੋਰ ਉਪਰਾਲਿਆਂ ਬਾਰੇ ਦੱਸਿਆ।
ਇਸ ਮੌਕੇ ਲੈਫਟੀਨੈਂਟ ਜਨਰਲ ਟੀ ਐਸ ਸ਼ੇਰਗਿੱਲ ਨੇ ਦੱਸਿਆ ਕਿ ਜੀਓਜੀ ਦੇ ਕੰਮ ਨੂੰ ਹੋਰ ਪ੍ਰਭਾਵੀ ਕਰਨ ਲਈ ਆਨਲਾਈਨ ਪੋਰਟਲ ਨੂੰ ਹੋਰ ਸਮਰੱਥ ਕੀਤਾ ਗਿਆ ਹੈ, ਜਿਸ ਨਾਲ ਪੰਜਾਬ ਦੇ ਦੂਰ-ਦਰਾਜ ਦੇ ਪਿੰਡਾਂ ਤੋਂ ਖੁਸ਼ਹਾਲੀ ਦੇ ਰਾਖੇ ਤੁਰੰਤ ਆਪਣੀ ਰਿਪੋਰਟ ਸਿੱਧਾ ਉਨਾਂ ਨੂੰ ਅਤੇ ਮੁੱਖ ਮੰਤਰੀ ਪੰਜਾਬ ਦੇ ਦਫ਼ਤਰ ਨੂੰ ਭੇਜ ਸਕਦੇ ਹਨ, ਇਸ ਨਾਲ ਲੋਕ ਮਸਲਿਆਂ ਦੇ ਤੇਜ਼ੀ ਨਾਲ ਨਿਪਟਾਰਾ ਸੰਭਵ ਹੋ ਸਕੇਗਾ। ਇਸ ਮੌਕੇ ਓਐਸਡੀ ਸ੍ਰੀ ਕਰਨਵੀਰ ਸਿੰਘ, ਬਰਨਾਲਾ ਜ਼ਿਲੇ ਦੇ ਜੀਓਜੀ ਹੈੱਡ ਕਰਨਲ ਲਾਭ ਸਿੰਘ, ਮਾਨਸਾ ਜੀਓਜੀ ਹੈੱਡ ਕਰਨਲ ਰਸ਼ਮੀਲ ਸਿੰਘ ਤੇ ਐਸਪੀ ਗੁਰਦੀਪ ਸਿੰਘ ਵੀ ਹਾਜ਼ਰ ਸਨ।

**o/o District Public Relations Officer, Barnala**
**SENIOR ADVISOR TO CM TAKES STOCK OF SITUATION IN BARNALA**
**• GOG TO HELP ADMINISTRATION IN PROCUREMENT, CURFEW**

**Barnala, April 11**
**Lt Gen T S Shergill, senior adviser to CM and Senior Vice Chairman of the Guardians of Governance (GoG), today visited Barnala to take stock of the situation in the area amid the curfew imposed in the wake of Covid-19.**
**Presiding over a meeting with Barnala Deputy Commissioner Tej Partap Singh Phoolka and Barnala SSP Sandeep Goyal, Lt Gen Shergill said the GoG, who have been deployed at**

**various places, would help the district administration in wheat procurement, relief measures and in maintaining social distancing.**
**Flanked by OSD Karanveer Singh, Lt Gen Shergill said the Capt Amarinder Singh-led Punjab Government had taken lead in country by controlling the situation. He called upon the people of Barnala to help the administration in combating Covid by staying indoors. He also appreciated the preparedness of the Barnala administration to fight the pandemic.**
**DC Phoolka spoke about various relief measures being taken by the administration for the common man. He also elaborated on the efforts of government servants, NGOs and GoGs who were working hard to ensure that the basic necessities reached people. SSP Goyal briefed on the security arrangements and other efforts being made by the Barnala police.**
**Lt Gen Shergill further said that online portal of the GoG had been added with new feature to strengthen the feedback channel. "Now, our GoG from the grass-root level may directly send their report to us or to the office of the CM Punjab with just a click. It will make it possible for us to resolve issues faster," he said.**
**Heads of the Barnala and Mansa GoGs Col Labh Singh and Rashmeel Singh, respectively, were also present.**